**16ਵੀਂ ਪੰਜਾਬ ਵਿਧਾਨ ਸਭਾ**
**ਪੰਜਵਾਂ ਸਮਾਗਮ, 2023**

**ਪੰਜਾਬ ਵਿਧਾਨ ਸਭਾ**
**ਬੁਲੇਟਿਨ ਨੰ: 02**
**ਬੁੱਧਵਾਰ, 29 ਨਵੰਬਰ 2023**

(10.00 ਵਜੇ ਪੂਰਵ ਦੁਪਹਿਰ ਤੋਂ 12.37 ਵਜੇ ਬਾਅਦ ਦੁਪਹਿਰ ਤੱਕ)

1. **ਪ੍ਰਸ਼ਨ**

(ੳ) **ਨਿਸ਼ਾਨ ਵਾਲੇ ਪ੍ਰਸ਼ਨ :**

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 12 | 01 | 03 | 04 | 16 |

(ਅ) **ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ : 04**

2. **ਮਾਣਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

ਮਾਣਯੋਗ ਸਪੀਕਰ ਵੱਲੋਂ ਹਲਕਾ ਕੋਟਕਪੂਰਾ ਦੇ ਪਿੰਡ ਮਚਾਕੀ ਮੱਲ ਸਿੰਘ ਤੇ ਢੀਮਾਂਵਾਲੀ ਤੋਂ ਸਕੂਲੀ ਬੱਚੇ, ਜਿਹੜੇ ਕਿ ਸ਼ੈਸ਼ਨ ਦੀ ਕਾਰਵਾਈ ਦੇਖਣ ਆਏ ਸਨ, ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

3. **ਮਾਣਯੋਗ ਸਪੀਕਰ ਵੱਲੋਂ ਐਲਾਨ**

ਮਾਣਯੋਗ ਸਪੀਕਰ ਵੱਲੋਂ ਐਲਾਨ ਕੀਤਾ ਗਿਆ ਕਿ ਜਿਹੜਾ ਮਾਣਯੋਗ ਮੈਂਬਰ ਉਨ੍ਹਾਂ ਵੱਲੋਂ ਦਿੱਤੇ ਸਵਾਲ ਕਿ ਸਰਦਾਰ ਨਰਿੰਦਰ ਸਿੰਘ ਕਪਾਨੀ ਨੇ ਕਿਹੜਾ ਸ਼ੋਭਾ ਵਾਲਾ ਕੰਮ ਕੀਤਾ, ਦਾ ਸਹੀ ਉੱਤਰ ਦੇਵੇਗਾ, ਉਸ ਨੂੰ ਆਪਣੀ ਗੱਲ ਰੱਖਣ ਲਈ ਤਿੰਨ ਮਿੰਟ ਮਿਲਣਗੇ। ਕਈ ਮੈਂਬਰਾਂ ਵੱਲੋਂ ਇਸ ਸਵਾਲ ਦਾ ਜਵਾਬ ਦੇਣ ਲਈ ਹੱਥ ਖੜ੍ਹੇ ਕੀਤੇ ਗਏ ਪਰ ਛੋਟੀ ਉਮਰ ਦੇ ਐਮ.ਐਲ.ਏ. ਸਰਦਾਰ ਅਮ੍ਰਿਤਪਾਲ ਸਿੰਘ ਸੁਖਾਨੰਦ ਨੂੰ ਸਮਾਂ ਦਿੱਤਾ ਗਿਆ, ਉਨ੍ਹਾਂ ਨੇ ਸਹੀ ਉਤਰ ਦਿੱਤਾ ਤੇ ਉਨ੍ਹਾਂ ਨੂੰ ਮਾਣਯੋਗ ਸਪੀਕਰ ਵੱਲੋਂ ਆਪਣੀ ਗੱਲ ਰੱਖਣ ਲਈ ਤਿੰਨ ਮਿੰਟ ਦਾ ਸਮਾਂ ਦਿੱਤਾ ਗਿਆ।

4. **ਧਿਆਨ ਦਿਵਾਊ ਨੋਟਿਸ**

1) ਡਾ. ਨਛੱਤਰ ਪਾਲ, ਐਮ.ਐਲ.ਏ. ਵੱਲੋਂ ਮੁੱਖ ਮੰਤਰੀ ਦਾ ਧਿਆਨ ਐਡਵੋਕੇਟ ਜਨਰਲ, ਪੰਜਾਬ ਦੇ ਦਫ਼ਤਰ ਵਿੱਚ ਲਾਅ ਅਫ਼ਸਰਾਂ ਦੀ ਨਿਯੁਕਤੀ ਲਈ ਅਨੁਸੂਚਿਤ ਜਾਤੀਆਂ ਲਈ ਸੰਵਿਧਾਨ ਅਨੁਸਾਰ ਰਾਖਵਾਂਕਰਨ ਨੀਤੀ ਲਾਗੂ ਨਾ ਕਰਨ ਵੱਲ ਦਿਵਾਇਆ।

(ਨੰ:6)

ਵਿੱਤ ਮੰਤਰੀ ਨੇ ਜਵਾਬ ਦਿੱਤਾ ।

2) ਸ਼੍ਰੀ ਵਿਜੇ ਸਿੰਗਲਾ, ਐਮ.ਐਲ.ਏ ਵੱਲੋਂ ਲੋਕ ਨਿਰਮਾਣ (ਭਵਨ ਅਤੇ ਮਾਰਗ) ਮੰਤਰੀ ਦਾ ਧਿਆਨ ਜ਼ਿਲ੍ਹਾ ਮਾਨਸਾ ਦੇ ਪਿੰਡ ਢੈਪਈ ਤੇ ਘੁਮਾਣ ਵਿਖੇ ਸਥਿਤ ਟੋਲ ਪਲਾਜ਼ਿਆਂ ਦਰਮਿਆਨ ਸੜਕਾਂ ਦੀ ਮਾੜੀ ਹਾਲਤ ਵੱਲ ਦਿਵਾਇਆ ਗਿਆ। (ਨੰ:21)

ਲੋਕ ਨਿਰਮਾਣ (ਭਵਨ ਅਤੇ ਮਾਰਗ) ਮੰਤਰੀ ਨੇ ਜਵਾਬ ਦਿੱਤਾ।

3. **ਨਿਯਮ 16 ਅਧੀਨ ਪ੍ਰਸਤਾਵ**

ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :

"ਕਿ ਵਿਧਾਨ ਸਭਾ (ਅਸੈਂਬਲੀ) ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ"।

4. **ਮੇਜ਼ ਤੇ ਰੱਖੇ ਗਏ ਕਾਗਜ਼-ਪੱਤਰ**

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: IV ਅਧੀਨ ਦਰਸਾਏ ਗਏ ਨੰ: 1 ਤੇ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

5. **ਵਿਧਾਨਕ ਕੰਮ-ਕਾਰ**

1) **ਟਰਾਂਸਫਰ ਆਫ ਪ੍ਰਾਪਰਟੀ (ਪੰਜਾਬ ਸੋਧਨਾ) ਬਿਲ, 2023**

ਮਾਲ, ਮੁੜ ਵਸੇਬਾ ਅਤੇ ਕੁਦਰਤੀ ਆਫਤਾਂ ਪ੍ਰਬੰਧਨ ਮੰਤਰੀ ਨੇ ਟਰਾਂਸਫਰ ਆਫ ਪ੍ਰਾਪਰਟੀ (ਪੰਜਾਬ ਸੋਧਨਾ) ਬਿਲ, 2023 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਮਾਲ, ਮੁੜ ਵਸੇਬਾ ਅਤੇ ਕੁਦਰਤੀ ਆਫਤਾਂ ਪ੍ਰਬੰਧਨ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਟਰਾਂਸਫਰ ਆਫ ਪ੍ਰਾਪਰਟੀ (ਪੰਜਾਬ ਸੋਧਨਾ) ਬਿਲ, 2023 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

2) **ਰਜਿਸਟ੍ਰੇਸ਼ਨ (ਪੰਜਾਬ ਸੋਧਨਾ) ਬਿਲ, 2023**

ਮਾਲ, ਮੁੜ ਵਸੇਬਾ ਅਤੇ ਕੁਦਰਤੀ ਆਫਤਾਂ ਪ੍ਰਬੰਧਨ ਮੰਤਰੀ ਨੇ ਰਜਿਸਟ੍ਰੇਸ਼ਨ (ਪੰਜਾਬ ਸੋਧਨਾ) ਬਿਲ, 2023 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਏ।

ਮਾਲ, ਮੁੜ ਵਸੇਬਾ ਅਤੇ ਕੁਦਰਤੀ ਆਫਤਾਂ ਪ੍ਰਬੰਧਨ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਰਜਿਸਟ੍ਰੇਸ਼ਨ (ਪੰਜਾਬ ਸੋਧਨਾ) ਬਿਲ, 2023 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

3) **ਇੰਡੀਅਨ ਸਟੈਂਪ (ਪੰਜਾਬ ਸੋਧਨਾ) ਬਿਲ, 2023**

ਮਾਲ, ਮੁੜ ਵਸੇਬਾ ਅਤੇ ਕੁਦਰਤੀ ਆਫਤਾਂ ਪ੍ਰਬੰਧਨ ਮੰਤਰੀ ਨੇ ਇੰਡੀਅਨ ਸਟੈਂਪ (ਪੰਜਾਬ ਸੋਧਨਾ) ਬਿਲ, 2023 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਬਿਲ ਤੇ ਹੋਈ ਬਹਿਸ ਵਿੱਚ ਹਿੱਸਾ ਲੈਂਦੇ ਹੋਏ ਡਾ. ਸੁਖਵਿੰਦਰ ਕੁਮਾਰ ਸੁੱਖੀ, ਸ਼੍ਰੋਮਣੀ ਅਕਾਲੀ ਦਲ ਇੱਕ ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਏ।

ਮਾਲ, ਮੁੜ ਵਸੇਬਾ ਅਤੇ ਕੁਦਰਤੀ ਆਫਤਾਂ ਪ੍ਰਬੰਧਨ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਇੰਡੀਅਨ ਸਟੈਂਪ (ਪੰਜਾਬ ਸੋਧਨਾ) ਬਿਲ, 2023 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਨਾਲ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

4) **ਪੰਜਾਬ ਕੈਨਾਲ ਅਤੇ ਡ੍ਰੇਨੇਜ਼ ਬਿਲ, 2023**

ਜਲ ਸਰੋਤ ਮੰਤਰੀ ਨੇ ਪੰਜਾਬ ਕੈਨਾਲ ਅਤੇ ਡ੍ਰੇਨੇਜ਼ ਬਿਲ, 2023 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਹੋਈ ਬਹਿਸ ਵਿੱਚ ਹਿੱਸਾ ਲੈਂਦੇ ਹੋਏ ਸ੍ਰੀ ਸੰਦੀਪ ਜਾਖੜ, ਇੰਡੀਅਨ ਨੈਸ਼ਨਲ ਕਾਂਗਰਸ ਇੱਕ ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ 2 ਤੇ 3, ਕਲਾਜ਼ 2 ਤੋਂ 61 ਇੱਕਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਜਲ ਸਰੋਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਕੈਨਾਲ ਅਤੇ ਡ੍ਰੇਨੇਜ਼ ਬਿਲ, 2023 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

6. **ਵਾਕ ਆਊਟ**

ਸ੍ਰੀ ਸੰਦੀਪ ਜਾਖੜ ਨੂੰ ਛੱਡ ਕੇ ਇੰਡੀਅਨ ਨੈਸ਼ਨਲ ਕਾਂਗਰਸ ਦੇ ਸਦਨ ਵਿੱਚ ਹਾਜ਼ਰ ਮੈਂਬਰ, ਉਨ੍ਹਾਂ ਨੂੰ ਬੋਲਣ ਲਈ ਸਮਾਂ ਨਾ ਦਿੱਤੇ ਜਾਣ ਅਤੇ ਸਦਨ ਦੀਆਂ ਬੈਠਕਾਂ ਨਾ ਵਧਾਉਣ ਦੇ ਰੋਸ ਵਜੋਂ ਨਾਅਰੇ ਲਗਾਉਂਦੇ ਹੋਏ ਸਦਨ ਵਿੱਚੋਂ ਵਾਕ-ਆਊਟ ਕਰ ਗਏ।

ਮਾਣਯੋਗ ਡਿਪਟੀ ਸਪੀਕਰ ਨੇ 12.11 ਵਜੇ (ਬਾਅਦ ਦੁਪਹਿਰ) ਤੋਂ 12.15 ਵਜੇ (ਬਾਅਦ ਦੁਪਹਿਰ) ਤੱਕ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੋ ਗਿਆ।

ਚੰਡੀਗੜ੍ਹ। ਰਾਮ ਲੋਕ ਖਟਾਣਾ,

29 ਨਵੰਬਰ, 2023 ਸਕੱਤਰ ।

29/11/23
Principal Chief Reporter
Punjab Vidhan Sabha
Chandigrah